**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 25-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਤੋਂ ਗੁਜਰਾਤ ਦੇ ਦੋ ਦਿਨਾਂ ਦੌਰੇ 'ਤੇ ਹੋਣਗੇ। ਉਹ ਅੱਜ ਸ਼ਾਮ ਨੂੰ ਅਹਿਮਦਾਬਾਦ ਵਿੱਚ 5 ਹਜ਼ਾਰ 400 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਨਗੇ। ਇਹ ਪ੍ਰੋਜੈਕਟ ਸ਼ਹਿਰੀ ਵਿਕਾਸ, ਬਿਜਲੀ, ਸੜਕ ਅਤੇ ਰੇਲਵੇ ਖੇਤਰਾਂ ਵਿੱਚ ਨੇ। ਕੱਲ੍ਹ ਆਪਣੀ ਗੁਜਰਾਤ ਯਾਤਰਾ ਦੇ ਦੂਜੇ ਦਿਨ, ਸ਼੍ਰੀ ਮੋਦੀ ਅਹਿਮਦਾਬਾਦ ਦੇ ਹੰਸਲਪੁਰ ਵਿਖੇ ਹਾਈਬ੍ਰਿਡ ਬੈਟਰੀ ਇਲੈਕਟ੍ਰੋਡ ਦੇ ਸਥਾਨਕ ਉਤਪਾਦਨ ਅਤੇ 100 ਦੇਸ਼ਾਂ ਨੂੰ ਬੈਟਰੀ ਇਲੈਕਟ੍ਰਿਕ ਵਾਹਨ ਬਰਾਮਦ ਦੀ ਸ਼ੁਰੂਆਤ ਕਰਨਗੇ।

---

ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੇ ਬਹੁਤ ਸਾਰੇ ਹਿੱਸਿਆਂ ਵਿੱਚ

ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਬਿਆਸ, ਰਾਵੀ ਅਤੇ ਸਤਲੁਜ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵੱਧ ਰਿਹਾ ਏ ਜਿਸ ਕਾਰਨ ਹੁਸ਼ਿਆਰਪੁਰ, ਕਪੂਰਥਲਾ, ਗੁਰਦਾਸਪੁਰ ਅਤੇ ਫਿਰੋਜ਼ਪੁਰ ਦੇ ਬਹੁਤ ਸਾਰੇ ਪਿੰਡ ਪ੍ਰਭਾਵਿਤ ਹੋਏ ਨੇ ਤੇ ਖੜੀਆਂ ਫਸਲਾਂ ਨੂੰ ਵੀ ਨੁਕਸਾਨ ਪ੍ਰੁੱਜਾ ਏ। ਬਿਆਸ ਦਰਿਆ ਵਿੱਚ ਪਾਣੀ ਵਧਣ ਕਾਰਨ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਵਿੱਚ 16 ਪਿੰਡਾਂ ਦੇ 270 ਤੋਂ ਵੱਧ ਘਰ ਪ੍ਰਭਾਵਿਤ ਹੋਏ ਨੇ । ਪ੍ਰਸ਼ਾਸਨਿਕ ਸੂਤਰਾਂ ਮੁਤਾਬਕ 93 ਪਿੰਡਾਂ ਵਿੱਚ ਧੁੱਸੀ ਬੰਨ੍ਹ ਨਾਲ ਲੱਗਦੇ ਕੁਝ ਖੇਤਰਾਂ ਵਿੱਚ ਫਸਲੀ ਨੁਕਸਾਨ ਹੋਇਆ ਏ। ਹੁਸ਼ਿਆਰਪੁਰ ਦੀ ਸਭ ਡਵੀਜ਼ਨ ਮੁਕੇਰੀਆਂ ਦੇ ਛੇ ਪਿੰਡ ਹੜ੍ਹ ਨਾਲ ਪ੍ਰਭਾਵਿਤ ਹੋਏ ਨੇ। ਮੁਕੇਰੀਆਂ ਦੇ ਐਸ.ਡੀ.ਐਮ. ਅੰਕੁਰ ਮਹਿੰਦਰੂ ਨੇ ਦੱਸਿਆ ਕਿ ਸਿਵਲ ਪ੍ਰਸ਼ਾਸਨ ਵੱਲੋਂ ਅਨਾਊਂਸਮੈਂਟ ਕਰਵਾ ਕੇ ਪਿੰਡ ਵਾਸੀਆਂ ਨੂੰ ਸੁਰੱਖਿਤ ਥਾਵਾਂ ’ਤੇ ਜਾਣ ਦੇ ਨਿਰਦੇਸ਼ ਦਿੱਤੇ ਗਏ ਨੇ ਅਤੇ ਨਾਲ ਹੀ ਸਬੰਧਿਤ ਅਧਿਕਾਰੀਆਂ ਨੂੰ ਵੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਚੌਕਸ ਰਹਿਣ ਨੂੰ ਕਿਹਾ ਗਿਆ ਏ। ਫਾਜ਼ਿਲਕਾ ਤਹਿਸੀਲ ਦੇ 12 ਪਿੰਡ ਵੀ ਹੜਾਂ ਕਾਰਨ ਪ੍ਰਭਾਵਿਤ ਹੋਏ ਨੇ। ਵਧੇਰੇ ਜਾਣਕਾਰੀ

ਦਿੰਦਿਆਂ ਫਾਜ਼ਿਲਕਾ ਦੇ ਏ.ਡੀ.ਸੀ. ਡਾਕਟਰ ਮਨਦੀਪ ਕੌਰ ਨੇ ਦੱਸਿਆ...

**Byte**

ਉਧਰ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਪਹਿਲਾ ਨਾਲੋਂ ਵੱਧ ਗਿਆ ਏ ਪਰ ਸਥਿਤੀ ਕਾਬੂ ਹੇਠ ਏ। ਪਠਾਨਕੋਟ ਵਿੱਚ ਵੀ ਭਾਰੀ ਬਾਰਿਸ਼ ਕਾਰਨ ਅੱਜ ਸਕੂਲ ਤੇ ਕਾਲਜ ਬੰਦ ਰੱਖੇ ਗਏ ਨੇ। ਰਣਜੀਤ ਸਾਗਰ ਡੈਮ ਵਿੱਚ ਵੀ ਪਾਣੀ ਦਾ ਪੱਧਰ ਵਧ ਗਿਆ ਏ ਜਿਸ ਕਾਰਨ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਦਰਿਆ ਕੰਢਿਓਂ ਦੂਰ ਰਹਿਣ ਦੀ ਅਪੀਲ ਕੀਤੀ ਗਈ ਏ। ਜੰਮੂ-ਜਲੰਧਰ ਨੈਸ਼ਨਲ ਹਾਈਵੇ, ਜਿਹੜਾ ਕਿ ਚੱਕੀ ਦਰਿਆ ਵਿੱਚ ਪਾਣੀ ਵਧਣ ਕਾਰਨ ਇੱਕ ਪਾਸਿਓਂ ਬੰਦ ਕਰ ਦਿੱਤਾ ਗਿਆ ਸੀ, ਨੂੰ ਖੋਲ੍ਹ ਦਿੱਤਾ ਗਿਆ ਏ ਪਰ ਬਮਿਆਲ ਬਲਾਕ ਵਿੱਚ ਪ੍ਰਭਾਵਤ ਹੋਈ ਬਮਿਆਲ-ਪਠਾਨਕੋਟ ਸੜਕ ’ਤੇ ਟਰੈਫਿਕ ਬਹਾਲ ਨਹੀਂ ਹੋਇਆ। ਜੰਮੂ-ਕਸ਼ਮੀਰ ਦੇ ਕਠੂਆ ਵਿੱਚ ਨੈਸ਼ਨਲ ਹਾਈਵੇ ਦਾ ਪੁਲ ਪ੍ਰਭਾਵਿਤ ਹੋਣ ਕਾਰਨ ਜੰਮੂ-ਜਲੰਧਰ ਨੈਸ਼ਨਲ ਹਾਈਵੇ ਤੇ ਟਰੈਫਿਕ ਵੀ ਪ੍ਰਭਾਵਿਤ ਹੋਇਆ ਏ।

ਇਸੇ ਦੌਰਾਨ ਪੰਜਾਬ ਦੇ ਕਈ ਇਲਾਕਿਆਂ ਵਿਚ ਕੱਲ੍ਹ ਸਵੇਰ ਤੋਂ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋ ਰਹੀ ਏ। ਮੌਸਮ ਵਿਭਾਗ ਨੇ ਅਗਲੇ 24 ਘੰਟਿਆਂ ਦੌਰਾਨ ਬਾਰਿਸ਼ ਦਾ ਯੈਲੋ ਅਲਰਟ ਜਾਰੀ ਕੀਤਾ ਏ।

-----------------------------------------------------------

ਚੰਬਾ ਸਥਿਤ ਮਨੀਮਹੇਸ਼ ਵਿਚ ਅੱਜ ਪੰਜਾਬ ਦੇ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਏ। ਸੂਤਰਾਂ ਮੁਤਾਬਿਕ ਇਨ੍ਹਾਂ ਨੌਜਵਾਨਾਂ ਵਿਚੋਂ ਦੋ ਪਠਾਨਕੋਟ ਤੇ ਇਕ ਗੁਰਦਾਸਪੁਰ ਤੋਂ ਦੱਸਿਆ ਗਿਆ ਏ। ਹੋਰ ਵੇਰਵਿਆਂ ਦੀ ਉਡੀਕ ਏ।

-----------------------------------------------------------

ਅੱਜ ਸਵੇਰੇ ਹਰਿਆਣਾ ਦੇ ਕੈਥਲ ਜ਼ਿਲ੍ਹੇ ਦੇ ਕਿਓਡਕ ਪਿੰਡ ਨੇੜੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਬਠਿੰਡਾ ਤੋਂ ਕੁਰੂਕਸ਼ੇਤਰ ਜਾ ਰਹੀ ਇੱਕ ਪਿਕਅੱਪ ਗੱਡੀ ਹਰਿਆਣਾ ਰੋਡਵੇਜ਼ ਹਿਸਾਰ ਡਿਪੂ ਦੀ ਬੱਸ ਨਾਲ ਟਕਰਾ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਪਿਕਅੱਪ ਗੱਡੀ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਸੜਕ 'ਤੇ ਪਲਟ ਗਈ। ਹਾਦਸੇ ਵਿੱਚ

ਪਿਕਅੱਪ ਵਿੱਚ ਸਵਾਰ ਚਾਰ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਇੱਕ ਗੰਭੀਰ ਜ਼ਖਮੀ ਹੋ ਗਿਆ। ਸਾਰੇ ਮ੍ਰਿਤਕ ਪੰਜਾਬ ਦੇ ਬਠਿੰਡਾ ਜ਼ਿਲ੍ਹੇ ਦੇ ਵਸਨੀਕ ਹਨ ਜੋ ਪਿਹੋਵਾ ਦੇ ਗੁਰਦੁਆਰਾ ਸਾਹਿਬ ਵਿਖੇ ਇੱਕ ਧਾਰਮਿਕ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਜਾ ਰਹੇ ਸਨ। ਸਾਡੇ ਪੱਤਰਕਾਰ ਨੇ ਦੱਸਿਆ ਕਿ ਸੂਚਨਾ ਮਿਲਦੇ ਹੀ ਪਿੰਡ ਵਾਸੀ ਮੌਕੇ 'ਤੇ ਪਹੁੰਚੇ ਅਤੇ ਪੁਲਿਸ ਨੂੰ ਘਟਨਾ ਦੀ ਜਾਣਕਾਰੀ ਦਿੱਤੀ। ਪੁਲਿਸ ਅਤੇ ਬਚਾਅ ਟੀਮ ਨੇ ਕਰੇਨ ਅਤੇ ਗੈਸ ਕਟਰ ਦੀ ਮਦਦ ਨਾਲ ਵਾਹਨ ਨੂੰ ਕੱਟ ਕੇ ਅੰਦਰ ਫਸੇ ਲੋਕਾਂ ਨੂੰ ਬਾਹਰ ਕੱਢਿਆ।

---------------------------------------------------------------

ਪੰਜਾਬ ਦੇ ਬਟਾਲਾ ਅਤੇ ਬਰਨਾਲਾ ਵਿੱਚ ਦੋ ਵੱਖ-ਵੱਖ ਕਾਰਵਾਈਆਂ ਵਿੱਚ, ਪੰਜਾਬ ਪੁਲਿਸ ਨੇ ਅੱਜ ਚਾਰ ਗੈਂਗਸਟਰਾਂ ਸਮੇਤ ਪੰਜ ਵਿਅਕਤੀਆਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਸਮੇਤ ਗ੍ਰਿਫ਼ਤਾਰ ਕੀਤਾ ਏ। ਪੁਲਿਸ ਸੂਤਰਾਂ ਅਨੁਸਾਰ, ਬਟਾਲਾ ਪੁਲਿਸ ਨੇ ਯੂਕੇ ਆਧਾਰਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਇੱਕ ਦਹਿਸ਼ਤਗਰਦ ਦੁਆਰਾ ਚਲਾਏ ਜਾ ਰਹੇ ਇੱਕ ਦਹਿਸ਼ਤਗਰਦੀ ਮਾਡਿਊਲ ਨੂੰ ਨਾਕਾਮ

ਕਰ ਦਿੱਤਾ ਏ, ਅਤੇ ਜ਼ਿਲ੍ਹੇ ਦੇ ਪਿੰਡ ਬਲਪੁਰਾ ਤੋਂ ਇੱਕ ਵਿਅਕਤੀ ਨੂੰ ਇਕ ਆਰਡੀਐਕਸ ਅਧਾਰਤ ਦੋ ਕਿੱਲੋ ਆਈਈਡੀ, 4 ਹੈਂਡ ਗ੍ਰਨੇਡ ਅਤੇ ਸੰਚਾਰ ਉਪਕਰਣਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਉਸ ਦਾ ਸਾਥੀ ਫਰਾਰ ਏ। ਬਰਨਾਲਾ ਵਿੱਚ ਇੱਕ ਹੋਰ ਕਾਰਵਾਈ ਵਿੱਚ, ਚਾਰ ਗੈਂਗਸਟਰਾਂ ਨੂੰ ਉਸ ਸਮੇਂ ਗ੍ਰਿਫ਼ਤਾਰ ਕੀਤਾ ਗਿਆ ਹੈ ਜਦੋਂ ਉਹ ਇੱਕ ਵੱਡੀ ਡਕੈਤੀ ਦੀ ਸਾਜ਼ਿਸ਼ ਰਚ ਰਹੇ ਸਨ। ਇੱਕ ਪੁਲਿਸ ਨਾਕੇ 'ਤੇ, ਮੁਲਜ਼ਮਾਂ ਨੇ ਪੁਲਿਸ ਪਾਰਟੀ 'ਤੇ ਗੋਲੀਬਾਰੀ ਕੀਤੀ ਪਰ ਪੁਲਿਸ ਨੇ ਦੋਸ਼ੀਆਂ ਨੂੰ ਉਨ੍ਹਾਂ ਦੇ ਵਾਹਨ ਸਮੇਤ ਕਾਬੂ ਕਰ ਲਿਆ। ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਪਿਸਤੌਲ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ। ਦੋਵਾਂ ਮਾਮਲਿਆਂ ਵਿੱਚ ਹੋਰ ਜਾਂਚ ਜਾਰੀ ਏ ।

---------------------------------------------------

ਪੰਜਾਬ ਸਰਕਾਰ, ਆਰਥਿਕ ਤੌਰ ’ਤੇ ਕਮਜ਼ੋਰ ਪਰਿਵਾਰਾਂ ਦੇ ਬੱਚਿਆਂ ਅਤੇ ਅਨਾਥ ਬੱਚਿਆਂ ਦੀ ਦੇਖਭਾਲ ਲਈ ਵੀ ਵਿਸ਼ੇਸ਼ ਤਰਜੀਹ ਦੇ ਰਹੀ ਏ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਯੋਜਿਤ ਯੋਜਨਾ

ਹੇਠ ਆਰਥਿਕ ਤੌਰ 'ਤੇ ਕਮਜ਼ੋਰ, ਬੇਸਹਾਰਾ ਅਤੇ ਅਨਾਥ ਬੱਚਿਆਂ ਨੂੰ 4000 ਰੁਪਏ ਪ੍ਰਤੀ ਮਹੀਨਾ ਆਰਥਿਕ ਸਹਾਇਤਾ ਦਿੱਤੀ ਜਾਂਦੀ ਏ।